ਦਫ਼ਤਰ ਜਿਲ੍ਹਾ ਲੋਕ ਸੰਪਰਕ ਅਫਸਰ,ਫਾਜ਼ਿਲਕਾ

## ਘਰ-ਘਰ ਰੋਜ਼ਗਾਰ ਦੇਣ ਲਈ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਵਚਨਬੱਧ-ਈਸ਼ਾ ਕਾਲੀਆ

### ਭਵਿੱਖ ਵਿੱਚ ਹੋਰ ਵੀ ਲਗਾਏ ਜਾਣਗੇ ਰੋਜ਼ਗਾਰ ਮੇਲੇ

### 34 ਬੇਰੁਜ਼ਗਾਰ ਨੌਜਵਾਨਾਂ ਨੂੰ ਵੰਡੇ ਨਿਯੁਕਤੀ ਪੱਤਰ

ਫਾਜ਼ਿਲਕਾ 30 ਅਪਰੈਲ

ਪੰਜਾਬ ਸਰਕਾਰ ਘਰ-ਘਰ ਰੁਜ਼ਗਾਰ ਯੋਜਨਾ ਤਹਿਤ ਬੇਰੁਜ਼ਗਾਰ ਨੌਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਇਸ ਤਹਿਤ ਜ਼ਿਲ੍ਹੇ ਅੰਦਰ 34 ਹੋਰ ਬੇਰੁਜ਼ਗਾਰ ਵਿਅਕਤੀਆਂ ਨੂੰ ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਨਿਯੁਕਤੀ ਪੱਤਰ ਦਿੱਤੇ। ਜ਼ਿਲ੍ਹੇ ਅੰਦਰ ਇਸ ਸਕੀਮ ਤਹਿਤ ਹੁਣ ਤੱਕ 65 ਪਰਿਵਾਰਾਂ ਦੇ ਮੈਂਬਰਾਂ ਨੂੰ ਪੱਕਾ ਰੋਜ਼ਗਾਰ ਮੁਹੱਈਆ ਕਰਵਾਇਆ ਜਾ ਚੁੱਕਾ ਹੈ। ਇਹ ਨਿਯੁਕਤੀ ਪੱਤਰ ਮਹਾਤਮਾ ਗਾਂਧੀ ਸਰਬਤ ਵਿਕਾਸ ਯੋਜਨਾ ਤਹਿਤ ਕਰਵਾਏ ਸਰਵੇਅ ਦੌਰਾਨ ਘਰ-ਘਰ ਰੋਜ਼ਗਾਰ ਸਕੀਮ ਤਹਿਤ ਮਾਪਦੰਡ ਪੂਰੇ ਕਰਨੇ ਵਾਲੇ ਪਰਿਵਾਰਾਂ ਦੇ ਮੈਂਬਰਾਂ ਨੂੰ ਡਿਪਟੀ ਕਮਿਸ਼ਨਰ ਵੱਲੋਂ ਆਪਣੇ ਹੱਥੀ ਭੇਂਟ ਕੀਤੇ ਗਏ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ  ਇਨ੍ਹਾਂ ਬੇਰੁਜ਼ਗਾਰ ਵਿਅਕਤੀਆਂ ਨੂੰ ਉਨ੍ਹਾਂ ਦੀ ਯੋਗਤਾ ਅਨੁਸਾਰ ਨਿੱਜੀ ਖੇਤਰ ਦੀਆਂ ਕੰਪਨੀਆਂ ਵਿਖੇ ਨੌਕਰੀ ਲਈ ਨਿਯੁਕਤੀ ਪੱਤਰ ਦਿੱਤੇ ਗਏ ਹਨ। ਚੁਣੇ ਗਏ ਵਿਅਕਤੀਆਂ ਵਿੱਚ 29 ਹੈਲਪਰ, 4 ਮਸ਼ੀਨ ਉਪਰੇਟਰ ਤੇ 1 ਸਿਲਾਈ ਖੇਤਰ ਨਾਲ ਸਬੰਧਤ ਹੈ। ਉਨ੍ਹਾ ਦੱਸਿਆ ਕਿ ਖਾਸ ਗੱਲ ਇਹ ਹੈ ਕਿ ਚੁਣੇ ਗਏ ਬੇਰੁਜ਼ਗਾਰ ਵਿਅਕਤੀਆਂ ਦੇ ਪਰਿਵਾਰਾਂ ਵਿੱਚ ਕੋਈ ਵੀ ਸਰਕਾਰੀ ਜਾਂ ਹੋਰ ਕੋਈ ਨੌਕਰੀ ਨਹੀਂ ਕਰਦਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਜ਼ਿਲ੍ਹੇ ਦੇ ਬੇਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਮੁਹੱਈਆ ਕਰਵਾਉਣ ਲਈ ਰੋਜ਼ਗਾਰ ਵਿਭਾਗ ਵੱਲੋਂ ਭਵਿੱਖ ਵਿੱਚ ਹੋਰ ਵੀ ਰੋਜ਼ਗਾਰ ਮੇਲੇ ਲਗਾਏ ਜਾਣਗੇ।

ਇਥੇ ਜਿਕਰਯੋਗ ਹੈ ਕਿ ਜ਼ਿਲ੍ਹਾ ਰੋਜ਼ਗਾਰ ਦਫਤਰ ਵਿਖੇ ਪਲੇਸਮੈਂਟ ਕੈਂਪ ਲਗਾਇਆ ਗਿਆ ਸੀ ਜਿਸ ਵਿੱਚ 150 ਵਿਅਕਤੀਆਂ ਨੂੰ ਬੁਲਾਇਆ ਗਿਆ ਸੀ ਜਿੰਨ੍ਹਾਂ ਵਿੱਚੋਂ ਨੌਕਰੀ ਲਈ ਚਾਹਵਾਨ ਪ੍ਰਾਰਥੀਆਂ ਦੀ ਉਨ੍ਹਾਂ ਦੀ ਯੋਗਤਾ ਅਨੁਸਾਰ ਚੋਣ ਕਰਕੇ ਨਿਯੁਕਤੀ ਪੱਤਰ ਦਿੱਤੇ ਗਏ।

ਇਸ ਦੋਰਾਨ ਜ਼ਿਲ੍ਹਾਂ ਰੋਜ਼ਗਾਰ ਅਫ਼ਸਰ ਸ੍ਰੀ ਅਰੁਨ ਕੁਮਾਰ ਨੇ ਦੱਸਿਆ ਕਿ ਚੁਣੇ ਗਏ ਬੇਰੁਜ਼ਗਾਰ ਨੌਜਵਾਨਾਂ ਨੂੰ ਕੰਪਨੀ ਐਕਟ ਅਨੁਸਾਰ ਬਣਦੀ ਤਨਖਾਹ, ਭੱਤੇ,

ਪ੍ਰੋਵੀਡੈਂਟ ਫੰਡ, ਹੈਲਥ ਕਾਰਡ ਅਤੇ ਬੀਮੇ ਤੋਂ ਇਲਾਵਾ ਓਵਰ ਟਾਈਮ ਦੀ ਵੀ ਤਨਖਾਹ ਮਿਲੇਗੀ। 6 ਮਹੀਨੇ ਦੀ ਸਰਵਿਸ ਉਪਰੰਤ ਕੰਪਨੀ ਵੱਲੋਂ ਇਨ੍ਹਾਂ ਨੂੰ ਪੱਕੇ ਵੀ ਕਰ ਦਿੱਤਾ ਜਾਵੇਗਾ।